# ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ 1000 ਨਸ਼ੀਲੀਆਂ ਗੋਲੀਆਂ ਸਮੇਤ 01 ਵਿਅਕਤੀ ਕੀਤਾ ਕਾਬੂ



ਸ੍ਰੀ ਮੁਕਤਸਰ ਸਾਹਿਬ, ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ., ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲ੍ਹਾ ਅੰਦਰ ਨਸ਼ਿਆਂ ਅਤੇ ਸ਼ਰਾਰਤੀ ਅਨਸਰਾਂ ਖਿਲਾਫ ਵਿੱਢੀ ਮੁਹਿੰਮ ਤਹਿਤ 1000 ਨਸ਼ੀਲੀਆਂ ਗੋਲੀਆਂ ਸਮੇਤ 01 ਵਿਅਕਤੀ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ

ਜਾਣਕਾਰੀ ਅਨੁਸਾਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋ ਚੈਕਿੰਗ ਦੇ ਸਬੰਧ ਵਿੱਚ ਪਿੰਡ ਬਧਾਈ ਮੌਜੂਦ ਸੀ ਤਾਂ ਸ਼ੱਕ ਦੇ ਆਧਾਰ ਤੇ ਇੱਕ ਵਿਅਕਤੀ ਨੂੰ ਉਸ ਦਾ ਨਾਮ ਪੁੱਛਿਆ ਜਿਸਨੇ ਆਪਣਾ ਨਾਮ ਕਰਮਜੀਤ ਸਿੰਘ ਪੁੱਤਰ ਨਿਰੰਜਨ ਸਿੰਘ ਵਾਸੀ ਪਿੰਡ ਫੱਤਣਵਾਲਾ ਦੱਸਿਆ। ਸ਼ੱਕ ਦੇ ਆਧਾਰ ਤੇ ਉਸਦੀ ਤਲਾਸ਼ੀ ਲੈਣ ਤੇ ਉਸ ਪਾਸੋਂ 1000 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ ਜਿਸ ਤੇ ਪੁਲਿਸ ਵੱਲੋਂ ਮੁਕਦਮਾ ਨੰਬਰ 175 ਮਿਤੀ 21.09.2024 ਅ/ਧ 22C/61/85 ਐਨ.ਡੀ.ਪੀ.ਐਸ ਐਕਟ ਤਹਿਤ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਵਿਖੇ ਦਰਜ ਰਜਿਸਟਰ ਕੀਤਾ ਗਿਆ। ਦੋਸ਼ੀ ਨੂੰ ਮਾਨਯੋਗ ਅਦਾਲਤ ਵਿਖੇ ਪੇਸ਼ ਕਰਕੇ ਰਿਮਾਂਡ ਹਾਸਿਲ ਕੀਤਾ ਜਾਵੇਗਾ ਜਿਸ ਤੇ ਹੋਰ ਵੀ ਖੁਲਾਸੇ ਹੋਣ ਦੇ ਸੰਭਾਵਨਾ ਹੈ।